ਸਲੋਕੁ ਮਃ ੩ ॥

Salok, Third Mehl:

ਮਾਇਆ ਮਮਤਾ ਮੋਹਣੀ ਜਿਨਿ ਵਿਣੁ ਦੰਤਾ ਜਗੁ ਖਾਇਆ ॥

The love of Maya is enticing; without teeth, it has eaten up the world.

ਮਾਇਆ ਦੀ ਅਪਣੱਤ (ਭਾਵ, ਇਹ ਖ਼ਿਆਲ ਕਿ ਏਹ ਸ਼ੈ ਮੇਰੀ ਹੈ, ਇਹ ਧਨ ਮੇਰਾ ਹੈ,) ਮਨ ਨੂੰ ਮੋਹਣ ਵਾਲੀ ਹੈ, ਇਸ ਨੇ ਸੰਸਾਰ ਨੂੰ ਬਿਨਾਂ ਦੰਦਾਂ ਤੋਂ ਹੀ ਖਾ ਲਿਆ ਹੈ (ਭਾਵ, ਸਮੂਲਚਾ ਹੀ ਨਿਗਲ ਲਿਆ ਹੈ।)

ਮਨਮੁਖ ਖਾਧੇ ਗੁਰਮੁਖਿ ਉਬਰੇ ਜਿਨੀ ਸਚਿ ਨਾਮਿ ਚਿਤੁ ਲਾਇਆ ॥

The self-willed manmukhs are eaten away, while the Gurmukhs are saved; they focus their consciousness on the True Name.

ਮਨਮੁਖ (ਇਸ 'ਮਮਤਾ' ਵਿਚ) ਗ੍ਰਸੇ ਗਏ ਹਨ, ਤੇ ਜਿਨ੍ਹਾਂ ਗੁਰਮੁਖਾਂ ਨੇ ਸੱਚੇ ਨਾਮ ਵਿਚ ਚਿੱਤ ਜੋੜਿਆ ਹੈ ਉਹ ਬਚ ਗਏ ਹਨ।

ਬਿਨੁ ਨਾਵੈ ਜਗੁ ਕਮਲਾ ਫਿਰੈ ਗੁਰਮੁਖਿ ਨਦਰੀ ਆਇਆ ॥

Without the Name, the world wanders around insane; the Gurmukhs come to see this.

ਸਤਿਗੁਰੂ ਦੇ ਸਨਮੁਖ ਹੋ ਕੇ ਇਹ ਦਿੱਸ ਪੈਂਦਾ ਹੈ ਕਿ ਸੰਸਾਰ ਨਾਮ ਤੋਂ ਬਿਨਾ ਕਮਲਾ ਹੋਇਆ ਭਟਕਦਾ ਹੈ।

ਧੰਧਾ ਕਰਤਿਆ ਨਿਹਫਲੁ ਜਨਮੁ ਗਵਾਇਆ ਸੁਖਦਾਤਾ ਮਨਿ ਨ ਵਸਾਇਆ ॥

Involved in worldly affairs, he wastes his life in vain; the peace-giving Lord does not come to abide in his mind.

ਮਾਇਆ ਦੇ ਕਜ਼ੀਏ ਕਰਦਿਆਂ ਮਨੁੱਖਾ ਜਨਮ ਨਿਸਫਲ ਗਵਾ ਲੈਂਦਾ ਹੈ ਤੇ ਸੁਖਦਾਤਾ ਨਾਮ ਮਨ ਵਿਚ ਨਹੀਂ ਵਸਾਉਂਦਾ।

ਨਾਨਕ ਨਾਮੁ ਤਿਨਾ ਕਉ ਮਿਲਿਆ ਜਿਨ ਕਉ ਧੁਰਿ ਲਿਖਿ ਪਾਇਆ ॥੧॥

O Nanak, they alone obtain the Name, who have such pre-ordained destiny. ||1||

(ਪਰ) ਹੇ ਨਾਨਕ! ਨਾਮ ਉਹਨਾਂ ਮਨੁੱਖਾਂ ਨੂੰ ਹੀ ਮਿਲਦਾ ਹੈ ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਕੀਤੇ ਕਰਮਾਂ ਦੇ ਅਨੁਸਾਰ) (ਸੰਸਕਾਰ-ਰੂਪ ਲੇਖ) ਉੱਕਰ ਕੇ ਪ੍ਰਭੂ ਨੇ ਰੱਖ ਦਿੱਤਾ ਹੈ ॥੧॥

ਮਃ ੩ ॥

Third Mehl:

ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ ॥

The home within is filled with Ambrosial Nectar, but the self-willed manmukh does not get to taste it.

(ਨਾਮ-ਰੂਪ) ਅੰਮ੍ਰਿਤ (ਹਰੇਕ ਜੀਵ ਦੇ ਹਿਰਦੇ-ਰੂਪ) ਘਰ ਵਿਚ ਹੀ ਭਰਿਆ ਹੋਇਆ ਹੈ, (ਪਰ) ਮਨਮੁਖਾਂ ਨੂੰ (ਉਸ ਦਾ) ਸੁਆਦ ਨਹੀਂ ਆਉਂਦਾ।

ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ ॥

He is like the deer, who does not recognize its own musk-scent; it wanders around, deluded by doubt.

ਜਿਵੇਂ ਹਰਨ (ਆਪਣੀ ਨਾਭੀ ਵਿਚ) ਕਸਤੂਰੀ ਨਹੀਂ ਸਮਝਦਾ ਤੇ ਭਰਮ ਵਿਚ ਭੁਲਾਇਆ ਹੋਇਆ ਭਟਕਦਾ ਹੈ, ਤਿਵੇਂ ਮਨਮੁਖ ਨਾਮ-ਅੰਮ੍ਰਿਤ ਨੂੰ ਛੱਡ ਕੇ ਵਿਹੁ ਨੂੰ ਇਕੱਠਾ ਕਰਦਾ ਹੈ,

ਅੰਮ੍ਰਿਤੁ ਤਜਿ ਬਿਖੁ ਸੰਗ੍ਰਹੈ ਕਰਤੈ ਆਪਿ ਖੁਆਇਆ ॥

The manmukh forsakes the Ambrosial Nectar, and instead gathers poison; the Creator Himself has fooled him.

(ਪਰ ਉਸ ਦੇ ਭੀ ਕੀਹ ਵੱਸ?) ਕਰਤਾਰ ਨੇ (ਉਸ ਦੇ ਪਿਛਲੇ ਕੀਤੇ ਅਨੁਸਾਰ) ਉਸ ਨੂੰ ਆਪ ਖੁੰਝਾਇਆ ਹੋਇਆ ਹੈ।

ਗੁਰਮੁਖਿ ਵਿਰਲੇ ਸੋਝੀ ਪਈ ਤਿਨਾ ਅੰਦਰਿ ਬ੍ਰਹਮੁ ਦਿਖਾਇਆ ॥

How rare are the Gurmukhs, who obtain this understanding; they behold the Lord God within themselves.

ਵਿਰਲੇ ਗੁਰਮੁਖਾਂ ਨੂੰ ਸਮਝ ਪੈਂਦੀ ਹੈ, ਉਹਨਾਂ ਨੂੰ ਹਿਰਦੇ ਵਿਚ ਹੀ (ਪਰਮਾਤਮਾ ਦਿੱਸ ਪੈਂਦਾ ਹੈ;

ਤਨੁ ਮਨੁ ਸੀਤਲੁ ਹੋਇਆ ਰਸਨਾ ਹਰਿ ਸਾਦੁ ਆਇਆ ॥

Their minds and bodies are cooled and soothed, and their tongues enjoy the sublime taste of the Lord.

ਉਹਨਾਂ ਦਾ ਮਨ ਤੇ ਸਰੀਰ ਠੰਢੇ-ਠਾਰ ਹੋ ਜਾਂਦੇ ਹਨ ਤੇ ਜੀਭ ਨਾਲ (ਜਪ ਕੇ) ਉਹਨਾਂ ਨੂੰ ਨਾਮ ਦਾ ਸੁਆਦ ਆ ਜਾਂਦਾ ਹੈ।

ਸਬਦੇ ਹੀ ਨਾਉ ਊਪਜੈ ਸਬਦੇ ਮੇਲਿ ਮਿਲਾਇਆ ॥

Through the Word of the Shabad, the Name wells up; through the Shabad, we are united in the Lord's Union.

ਸਤਿਗੁਰੂ ਦੇ ਸ਼ਬਦ ਨਾਲ ਹੀ ਨਾਮ (ਦਾ ਅੰਗੂਰ ਹਿਰਦੇ ਵਿਚ) ਉੱਗਦਾ ਹੈ ਤੇ ਸ਼ਬਦ ਦੀ ਰਾਹੀਂ ਹੀ ਹਰੀ ਨਾਲ ਮੇਲ ਹੁੰਦਾ ਹੈ;

ਬਿਨੁ ਸਬਦੈ ਸਭੁ ਜਗੁ ਬਉਰਾਨਾ ਬਿਰਥਾ ਜਨਮੁ ਗਵਾਇਆ ॥

Without the Shabad, the whole world is insane, and it loses its life in vain.

ਸ਼ਬਦ ਤੋਂ ਬਿਨਾ ਸਾਰਾ ਸੰਸਾਰ ਪਾਗਲ ਹੋਇਆ ਪਿਆ ਹੈ ਤੇ ਮਨੁੱਖਾ ਜਨਮ ਵਿਅਰਥ ਗਵਾਉਂਦਾ ਹੈ।

ਅੰਮ੍ਰਿਤੁ ਏਕੋ ਸਬਦੁ ਹੈ ਨਾਨਕ ਗੁਰਮੁਖਿ ਪਾਇਆ ॥੨॥

The Shabad alone is Ambrosial Nectar; O Nanak, the Gurmukhs obtain it. ||2||

ਹੇ ਨਾਨਕ! ਗੁਰੂ ਦਾ ਇਕ ਸ਼ਬਦ ਹੀ ਆਤਮਕ ਜੀਵਨ ਦੇਣ ਵਾਲਾ ਜਲ ਹੈ ਜੋ ਸਤਿਗੁਰੂ ਦੇ ਸਨਮੁਖ ਮਨੁੱਖ ਨੂੰ ਮਿਲਦਾ ਹੈ ॥੨॥

ਪਉੜੀ ॥

Pauree:

ਸੋ ਹਰਿ ਪੁਰਖੁ ਅਗੰਮੁ ਹੈ ਕਹੁ ਕਿਤੁ ਬਿਧਿ ਪਾਈਐ ॥

The Lord God is inaccessible; tell me, how can we find Him?

ਹੇ ਭਾਈ! ਦੱਸ ਉਹ ਹਰੀ, ਜੋ ਅਗੰਮ ਪੁਰਖ ਹੈ, ਕਿਸ ਤਰ੍ਹਾਂ ਮਿਲ ਸਕਦਾ ਹੈ?

ਤਿਸੁ ਰੂਪੁ ਨ ਰੇਖ ਅਦ੍ਰਿਸਟੁ ਕਹੁ ਜਨ ਕਿਉ ਧਿਆਈਐ ॥

He has no form or feature, and He cannot be seen; tell me, how can we meditate on Him?

ਉਸ ਦਾ ਕੋਈ ਰੂਪ ਨਹੀਂ, ਕੋਈ ਰੇਖ ਨਹੀਂ, ਦਿੱਸਦਾ ਭੀ ਨਹੀਂ, ਉਸ ਨੂੰ ਕਿਵੇਂ ਸਿਮਰੀਏ?

ਨਿਰੰਕਾਰੁ ਨਿਰੰਜਨੁ ਹਰਿ ਅਗਮੁ ਕਿਆ ਕਹਿ ਗੁਣ ਗਾਈਐ ॥

The Lord is formless, immaculate and inaccessible; which of His Virtues should we speak of and sing?

ਸ਼ਕਲ ਤੋਂ ਬਿਨਾ ਹੈ, ਮਾਇਆ ਤੋਂ ਰਹਿਤ ਹੈ, ਪਹੁੰਚ ਤੋਂ ਪਰੇ ਹੈ, ਸੋ, ਕੀਹ ਆਖ ਕੇ ਉਸ ਦੀ ਸਿਫ਼ਤ-ਸਾਲਾਹ ਕਰੀਏ?

ਜਿਸੁ ਆਪਿ ਬੁਝਾਏ ਆਪਿ ਸੁ ਹਰਿ ਮਾਰਗਿ ਪਾਈਐ ॥

They alone walk on the Lord's Path, whom the Lord Himself instructs.

ਜਿਸ ਮਨੁੱਖ ਨੂੰ ਆਪ ਪ੍ਰਭੂ ਸਮਝ ਦੇਂਦਾ ਹੈ ਉਹ ਪ੍ਰਭੂ ਦੇ ਰਾਹ ਤੇ ਤੁਰਦਾ ਹੈ;

ਗੁਰਿ ਪੂਰੈ ਵੇਖਾਲਿਆ ਗੁਰ ਸੇਵਾ ਪਾਈਐ ॥੪॥

The Perfect Guru has revealed Him to me; serving the Guru, He is found. ||4||

ਪੂਰੇ ਗੁਰੂ ਨੇ ਹੀ ਉਸ ਦਾ ਦੀਦਾਰ ਕਰਾਇਆ ਹੈ, ਗੁਰੂ ਦੀ ਦੱਸੀ ਕਾਰ ਕੀਤਿਆਂ ਹੀ ਉਹ ਮਿਲਦਾ ਹੈ ॥੪॥